SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 126 | Thursday, 11 July 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਡਰਾਈਵਿੰਗ ਇੰਸਟ੍ਰਕਟਰ 'ਤੇ ਯੌਨ ਸ਼ੋਸ਼ਣ ਦਾ ਲੱਗਾ ਦੋਸ਼



ਟੋਰਾਂਟੋ, 10 ਜੁਲਾਈ (ਪੋਸਟ ਬਿਊਰੋ): ਟੋਰਾਂਟੋ ਦੇ ਇੱਕ ਡਰਾਈਵਿੰਗ ਇੰਸਟ੍ਰਕਟਰ 'ਤੇ ਪਿਛਲੇ ਹਫ਼ਤੇ ਕਲਾਸ ਦੌਰਾਨ ਆਪਣੀ ਵਿਦਿਆਰਥਣ ਦਾ ਯੋਨ ਸ਼ੋਸ਼ਣ ਕਰਨ ਦਾ ਦੋਸ਼ ਲੱਗਾ ਹੈ। ਲਗਾਇਆ ਗਿਆ ਹੈ । ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ 5 ਜੁਲਾਈ ਦੀ ਸ਼ਾਮ ਨੂੰ ਬਾਥਰਸਟ ਸਟਰੀਟ ਅਤੇ ਫਿੰਚ ਏਵੇਨਿਊ ਵੇਸਟ ਦੇ ਇਲਾਕੇ ਵਿੱਚ ਬੁਲਾਇਆ ਗਿਆ ਸੀ। ਜਦੋਂ ਅਧਿਕਾਰੀ ਪਹੁੰਚੇ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਇੱਕ ਵਿਅਕਤੀ ਇੱਕ ਦਿਨ ਪਹਿਲਾਂ ਇੱਕ ਵਿਦਿਆਰਥਣ ਨੂੰ ਨਿੱਜੀ ਡਰਾਈਵਿੰਗ ਕਲਾਸ ਦੇ ਰਿਹਾ ਸੀ ਅਤੇ ਇਸ ਦੌਰਾਨ ਉਸਨੇ ਉਸਦਾ ਦਾ ਯੋਨ ਸ਼ੋਸ਼ਣ ਕੀਤਾ।

48 ਸਾਲਾ ਜੋਨਾਥਨ ਟਾਲੇਂਟਿਨੋ ਨਾਮਕ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਉਸ 'ਤੇ ਯੌਨ ਸ਼ੋਸ਼ਣ ਦਾ ਮਾਮਲਾ ਦਰਜ ਕੀਤਾ ਗਿਆ। ਪੁਲਿਸ ਨੇ ਬੁੱਧਵਾਰ ਨੂੰ ਟਾਲੇਂਟਿਨੋ ਦੀ ਇੱਕ ਤਸਵੀਰ ਜਾਰੀ ਕੀਤੀ ਸੀ।

## ਨਿਆਗਰਾ ਇਲਾਕੇ ਦੇ ਕੰਟਰੀ ਕਲੱਬ ਵਿਚੋਂ 25 ਗੋਲਫ ਕਾਰਟ ਚੋਰੀ ਬਾਰੇ ਪੁਲਿਸ ਕਰ ਰਹੀ ਜਾਂਚ



ਟੋਰਾਂਟੋ, 10 ਜੁਲਾਈ (ਪੋਸਟ ਬਿਊਰੋ): ਨਿਆਗਰਾ ਪੁਲਿਸ ਪਿਛਲੇ ਹਫ਼ਤੇ ਥੋਰੋਲਡ ਦੇ ਇੱਕ ਕੰਟਰੀ ਕਲੱਬ ਵਿਚੋਂ ਦੋ ਦਰਜਨ ਤੋਂ ਜ਼ਿਆਦਾ ਗੋਲਫ ਕਾਰਟ ਚੋਰੀ ਹੋਣ ਬਾਰੇ ਜਾਂਚ ਕਰ ਰਹੀ ਹੈ। ਪੁਲਿਸ ਨੇ ਕਿਹਾ ਕਿ ਉਨ੍ਹਾਂ ਨੂੰ 3 ਜੁਲਾਈ ਨੂੰ ਥੋਰੋਲਡ ਟਾਊਨਲਾਈਨ ਰੋਡ 'ਤੇ ਬੀਚਵੁਡ ਗੋਲਫ ਐਂਡ ਸੋਸ਼ਲ ਹਾਊਸ ਵਿੱਚ ਚੋਰੀ ਦੀ ਸੂਚਨਾ ਮਿਲੀ ਸੀ।

ਜਾਂਚ ਦੌਰਾਨ ਪਤਾ ਚੱਲਿਆ ਕਿ 2 ਜੁਲਾਈ ਨੂੰ ਰਾਤ 10 ਵਜੇ, 3 ਜੁਲਾਈ ਨੂੰ ਸਵੇਰੇ 6 ਵਜੇ ਦੇ ਵਿਚਕਾਰ 25 ਗੋਲਫ ਕਾਰਟ ਚੋਰੀ ਹੋਏ ਹਨ।

ਪੁਲਿਸ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਗੋਲਫ ਕਾਰਟ ਨੂੰ ਕੋਰਸ ਦੇ ਪਾਰ ਬੀਚਵੁਡ ਵਿੱਚ ਕਿਤੇ ਲਿਜਾਇਆ ਗਿਆ ਅਤੇ ਇੱਕ ਵਾਹਨ ਵਿੱਚ ਲੋਡ ਕੀਤਾ ਗਿਆ। ਇਹ ਸਪੱਸ਼ਟ ਨਹੀਂ ਹੈ ਕਿ ਇਸ ਘਟਨਾ ਵਿੱਚ ਕਿੰਨੇ ਲੋਕ ਸ਼ਾਮਿਲ ਸਨ ਅਤੇ ਕੋਈ ਹੋਰ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

## ਬੀ.ਸੀ. ਹਾਈਵੇ 'ਤੇ ਸੜਕ ਹਾਦਸੇ ਵਿਚ ਇੱਕੋ ਪਰਿਵਾਰ ਦੇ 3 ਲੋਕਾਂ ਦੀ ਮੌਤ



ਵੈਨਕੂਵਰ, 10 ਜੁਲਾਈ (ਪੋਸਟ ਬਿਊਰੋ): ਬੀ.ਸੀ. ਦੇ ਫਰੇਜਰ ਵੈਲੀ ਵਿੱਚ ਇੱਕ ਆਹਮਣੇ-ਸਾਹਮਣੇ ਦੀ ਭਿਆਨਕ ਟੱਕਰ ਵਿੱਚ ਤਿੰਨ ਲੋਕਾਂ ਦੇ ਪਰਿਵਾਰ ਦੀ ਮੌਤ ਹੋ ਗਈ। ਲਾਸ਼ਾਂ ਵਿੱਚ ਦੋ ਬਾਲਗ ਅਤੇ ਇੱਕ ਬੱਚਾ ਸ਼ਾਮਿਲ ਹਨ। ਆਰਸੀਐੱਮਪੀ ਦੇ ਅਪਰ ਫਰੇਜਰ ਵੈਲੀ ਖੇਤਰੀ ਟੁਕੜੀ ਨੇ ਕਿਹਾ ਕਿ ਮੰਗਲਵਾਰ ਸਵੇਰੇ ਇੱਕ ਯਾਤਰੀ ਵਾਹਨ ਅਤੇ ਟਰੈਕਟਰ ਟ੍ਰੇਲਰ ਦੀ ਆਹ-ਮਣੇ-ਸਾਹਮਣੇ ਦੀ ਟੱਕਰ ਦੀ ਸੂਚਨਾ ਮਿਲੀ ਅਤੇ ਐਮਰਜੈਂਸੀ ਦਲ ਨੂੰ ਅਗਾਸਿਜ ਕੋਲ ਲਾਘੀਡ ਹਾਈਵੇ ਉੱਤੇ ਬੁਲਾਇਆ ਗਿਆ ਸੀ। ਦੋ ਲੋਕਾਂ ਨੂੰ ਘਟਨਾ ਸਥਾਨ 'ਤੇ ਹੀ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ, ਜਦੋਂਕਿ ਬੱਚੇ ਨੂੰ ਪਹਿਲਾਂ ਏਅਰਲਿਫਟ ਕਰਕੇ ਹਸਪਤਾਲ ਲਿਜਾਇਆ ਗਿਆ। ਯੂਐੱਫਵੀਆਰਡੀ ਨੇ ਕਿਹਾ ਕਿ ਬੱਚਾ ਸੱਟਾਂ ਦਾ ਦਰਦ ਨਾ ਸਹਿਣ ਸਕਣ ਕਾਰਨ ਅਤੇ ਹਸਪਤਾਲ ਦੇ ਕਰਮਚਾਰੀਆਂ ਦੀਆਂ ਬਚਾਉਣ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਬੱਚੇ ਦੀ ਮੌਤ ਹੋ ਗਈ। ਟਰੈਕਟਰ ਟ੍ਰੇਲਰ ਦੇ ਚਾਲਕ ਨੂੰ ਕੋਈ ਸੱਟ ਨਹੀਂ ਲੱਗੀ।

ਅਧਿਕਾਰੀਆਂ ਨੇ ਕਿਹਾ ਕਿ ਟੱਕਰ ਦੇ ਕਾਰਨ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਸ਼ਰਾਬ ਅਤੇ ਡਰਗਜ਼ ਨੂੰ ਸ਼ੱਕੀ ਕਾਰਕ ਨਹੀਂ ਮੰਨਿਆ ਜਾ ਰਿਹਾ ਹੈ। ਐਗਾਸਿਜ ਆਰਸੀਐੱਮਪੀ ਟੁਕੜੀ ਦੇ ਸਾਰਜੇਂਟ ਏਂਡੀ ਲਾਟ ਨੇ ਕਿਹਾ ਕਿ ਅਸੀ ਉਨ੍ਹਾਂ ਸਾਰੇ ਲੋਕਾਂ ਦੀ ਸਹਾਇਤਾ ਕਰਨ 'ਤੇ ਕੰਮ ਕਰ ਰਹੇ ਹਾਂ ਜੋ ਇਸ ਦੁਰਘਟਨਾ ਅਤੇ ਇੱਕ ਪੂਰੇ ਪਰਿਵਾਰ ਦੇ ਨੁਕਸਾਨ ਤੋਂ ਪ੍ਰਭਾਵਿਤ ਹੋਏ ਹਨ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਕਿਡਨੀ ਰੈਕੇਟ ਦੀ ਫੇਰ ਹੈ ਗੱਲ ਨਿਕਲੀ,
ਦੋਸ਼ੀ ਦਿੱਲੀ ਦੇ ਅੰਦਰ ਕਈ ਫੜੇ ਮੀਆਂ।
ਚੱਲਦੀ ਚਿਰਾਂ ਦੀ ਆਈ ਇਹ ਖੇਡ ਗੰਦੀ,
ਦੋਸ਼ੀ ਆਖਰ ਅੜਿੱਕੇ ਕਈ ਚੜ੍ਹੇ ਮੀਆਂ।
ਮਨੁੱਖੀ ਅੰਗਾਂ ਦੀ ਦਿੱਲੀ'ਚ ਹੋਏ ਵਿਕਰੀ,
ਬੇਸ਼ਰਮਾਂ ਵਾਂਗਰ ਦਲਾਲ ਸੀ ਖੜੇ ਮੀਆਂ।
ਬਣਿਆ ਕੇਸ ਤੇ ਲੋਕਾਂ ਨੂੰ ਜਾਪ ਰਿਹਾ ਈ,
ਰਹਿਣਗੇ ਜੇਲ੍ਹ ਦੇ ਵਿੱਚ ਇਹ ਤੜੇ ਮੀਆਂ।
ਸਕੀਰੀ ਚੋਰਾਂ ਦੀ ਚੋਰਾਂ ਨਾਲ ਬਹੁਤ ਪੱਕੀ,
ਜਾਣਦੇ ਜਿਹੜੇ ਨੇ ਸਾਂਝ ਨਿਭਾਉਣ ਮੀਆਂ।
ਫਸ ਜਾਏ ਇੱਕ ਤਾਂ ਵੀਹ ਸਰਗਰਮ ਹੁੰਦੇ,
ਫਸਿਆ ਬੰਦਾ ਉਹ ਜਾਣ ਬਚਾਉਣ ਮੀਆਂ।

**ਤੀਸ ਮਾਰ ਖਾਂ**

## ਬਾਲ ਭਿੱਖਿਆ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਲੁਧਿਆਣਾ ਤੇ ਖੰਨਾ 'ਚ ਕੀਤੀ ਗਈ ਚੈਕਿੰਗ

ਲੁਧਿਆਣਾ, 10 ਜੁਲਾਈ (ਗਿਆਨ ਸਿੰਘ): ਬਾਲ ਭਿੱਖਿਆ ਦੀ ਰੋਕਥਾਮ ਲਈ ਅੱਜ ਖੰਨਾ ਅਤੇ ਲੁਧਿਆਣਾ ਵਿਖੇ ਵੱਖ-ਵੱਖ ਥਾਵਾਂ 'ਤੇ ਅਚਨਚੇਤ ਚੈਕਿੰਗ ਕਰਦਿਆਂ ਇੱਕ ਬੱਚੇ ਨੂੰ ਰੈਸਕਿਊ ਕੀਤਾ ਗਿਆ।

ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਲੁਧਿਆਣਾ ਰਸ਼ਮੀ ਨੇ ਇਸ ਸਬੰਧੀ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਚੰਡੀਗੜ੍ਹ ਵੱਲੋ ਜਾਰੀ ਦਿਸ਼ਾ ਨਿਰਦੇਸ਼ਾ ਤਹਿਤ ਜ਼ਿਲ੍ਹੇ ਭਰ ਵਿੱਚ ਬਾਲ ਭਿੱਖਿਆ ਦੀ ਰੋਕਥਾਮ ਲਈ ਅਭਿਆਨ ਚਲਾਇਆ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋ ਪੈਵੇਲੀਅਨ ਮਾਲ ਚੌਂਕ, ਲੁਧਿਆਣਾ ਵਿਖੇ ਰੇਡ ਕੀਤੀ ਗਈ ਜਿੱਥੇ ਇੱਕ ਬੱਚੇ ਨੂੰ ਭੀਖ ਮੰਗਦੇ ਹੋਏ ਰੈਸਕਿਊ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਭਾਰਤ ਨਗਰ ਚੌਂਕ, ਬੱਸ ਸਟੈਂਡ ਅਤੇ ਹੋਰ ਇਲਾਕਿਆਂ ਵਿੱਚ ਵੀ ਚੈਕਿੰਗ ਕੀਤੀ ਗਈ। ਇਸ ਤੋਂ ਇਲਾਵਾ ਖੰਨਾ ਵਿਖੇ ਬੱਸ ਸਟੈਂਡ, ਲਲਹੇੜੀ ਰੋਡ, ਰੇਲਵੇ ਸਟੇਸ਼ਨ, ਜੀ.ਟੀ.ਬੀ. ਮਾਰਕੀਟ, ਸਮਰਾਲਾ ਚੌਂਕ ਆਦਿ ਥਾਵਾਂ 'ਤੇ ਵੀ ਅਚਨਚੇਤ ਚੈਕਿੰਗ ਕੀਤੀ ਗਈ।

ਜ਼ਿਲ੍ਹਾ ਟਾਸਕ ਫੋਰਸ ਟੀਮ ਵਿੱਚ ਜਿਲ੍ਹਾ ਬਾਲ ਸੁਰੱਖਿਆ ਅਫਸਰ, ਰਸ਼ਮੀ ਦੇ ਨਾਲ ਬਾਲ ਸੁਰੱਖਿਆ ਅਫਸਰ ਅਮਨਦੀਪ ਕੌਰ, ਸਿੱਖਿਆ ਵਿਭਾਗ ਤੋਂ ਹਰਮਿੰਦਰ ਸਿੰਘ ਅਤੇ ਸਟੂਡੈਂਟ ਵੈਲਫੇਅਰ ਸੁਸਾਇਟੀ ਤੋਂ ਦੇਵ ਨਿਰਮਲ ਆਦਿ ਮੈਂਬਰ ਵੀ ਸ਼ਾਮਲ ਸਨ।

# ਦੂਜੇ ਵਿਸ਼ਵ ਯੁਧ ਦੇ ਦਿੱਗਜ ਜਾਨ ਹਿਲਮੈਨ ਦਾ 105 ਸਾਲ ਦੀ ਉਮਰ 'ਚ ਦਿਹਾਂਤ

ਬ੍ਰਿਟਿਸ਼ ਕੋਲੰਬੀਆ, 10 ਜੁਲਾਈ (ਪੋਸਟ ਬਿਊਰੋ): ਦੂਜੇ ਵਿਸ਼ਵ ਯੁਧ ਦੇ ਦਿੱਗਜ ਜਾਨ ਹਿਲਮੈਨ ਦਾ 105 ਸਾਲ ਦੀ ਉਮਰ 'ਚ ਦਿਹਾਂਤ ਹੋ ਗਿਆ ਹੈ। ਹਿਲਮੈਨ ਨੇ ਆਪਣੇ ਰਿਟਾਇਰਮੇਂਟ ਹੋਮ ਵਿੱਚ ਚੱਕਰ ਲਗਾਕੇ ਬੱਚਿਆਂ ਦੀ ਚੈਰਿਟੀ ਲਈ ਹਜ਼ਾਰਾਂ ਡਾਲਰ ਜੁਟਾਏ ਹਨ।

2020 ਵਿੱਚ, ਹਿਲਮੈਨ ਨੇ ਸੇਵ ਦ ਚਿਲਡਰਨ ਕੈਨੇਡਾ ਦੇ ਕੋਵਿਡ ਰਾਹਤ ਕੋਸ਼ ਲਈ ਆਪਣੇ ਫੰਡ ਇਕੱਠਾ ਕਰਨ ਦੀਆਂ ਕੋਸ਼ਿਸ਼ਾਂ ਲਈ ਵਿਆਪਕ ਧਿਆਨ ਆਕਰਸ਼ਤ ਕੀਤਾ। ਉਨ੍ਹਾਂ ਨੇ ਆਪਣੇ ਓਕ ਬੇ ਰਿਟਾਇਰਮੈਂਟ ਹੋਮ ਵਿੱਚ ਚੱਕਰ ਲਗਾਉਂਦੇ ਹੋਏ 1 ਲੱਖ 69,000 ਡਾਲਰ ਜੁਟਾਏ।




ਸੇਵ ਦ ਚਿਲਡਰਨ ਕੈਨੇਡਾ ਦਾ ਕਹਿਣਾ ਹੈ ਕਿ ਹਿਲਮੈਨ ਦੇ ਸਾਲਾਨਾ ਵਾਕਆਊਟ ਨੇ 440,000 ਡਾਲਰ ਤੋਂ ਜ਼ਿਆਦਾ ਜੁਟਾਏ। ਚੈਰਿਟੀ ਦੇ ਪ੍ਰਧਾਨ ਡੈਨੀ ਗਲੇਨਰਾਈਟ ਦਾ ਕਹਿਣਾ ਹੈ ਕਿ ਹਿਲਮੈਨ ਯੁਧ, ਸੰਘਰਸ਼ ਅਤੇ ਜਲਵਾਯੂ ਤਬਦੀਲੀ ਤੋਂ ਪ੍ਰਭਾਵਿਤ ਬੱਚਿਆਂ ਦੀ ਮੱਦਦ ਕਰਨ ਦੀ ਆਪਣੀ ਪ੍ਰਤਿਬਧਤਾ ਲਈ ਪ੍ਰੇਰਨਾ ਬਣੇ ਹੋਏ ਹਨ।

ਗਲੇਨਰਾਈਟ ਦਾ ਕਹਿਣਾ ਹੈ ਕਿ ਉਹ ਪਹਿਲੀ ਵਾਰ 2022 ਵਿੱਚ ਹਿਲਮੈਨ ਨੂੰ ਮਿਲੇ ਸਨ ਅਤੇ ਇਨੀ ਜ਼ਿਆਦਾ ਉਮਰ ਵਿੱਚ ਉਨ੍ਹਾਂ ਦੇ ਤੇਜ ਦਿਮਾਗ ਤੋਂ ਪ੍ਰਭਾਵਿਤ ਹੋਏ ਸਨ। ਉਨ੍ਹਾਂ ਨੇ ਸਿੱਟਾ ਕੱਢਿਆ ਕਿ ਹਿਲਮੈਨ ਆਮ ਵਿਅਕਤੀ ਨਹੀਂ ਸਨ।

# ਕਲੀਵਵਿਊ ਸੀਨੀਅਰਜ਼ ਕਲੱਬ ਨੇ ਕੈਨੇਡਾ ਦਿਵਸ ਮਨਾਇਆ

ਬਰੈਂਪਟਨ: (ਡਾ ਬਲਜਿੰਦਰ ਸਿੰਘ ਸੇਖੋਂ) ਬਰੈਂਪਟਨ ਦੇ ਕਲੀਵਵਿਊਸੀਨੀਅਰਜ਼ ਕਲੱਬ ਵਲੋਂ ਡੇਅਰੀ ਮੇਡ ਪਾਰਕ ਵਿਚ 6 ਜੁਲਾਈ ਨੂੰ ਮਨਾਏ ਗਏ ਕਨੇਡਾ ਦਿਵਸ ਮੌਕੇ, ਵੱਡੇ ਵੱਡੇਲੱਗੇ ਦੋ ਟੈਂਟ, ਖਾਣ ਪੀਣ ਦਾ ਖੁਲ੍ਹਾ ਪ੍ਰਬੰਧ, ਲੀਡਰਾਂ ਦੇ ਭਾਸ਼ਣ, ਮੈਂਬਰਾਂ ਵਲੋਂ ਪੇਸ਼ ਕੀਤੇ ਗਏਵੱਨਸਵੱਨੀ ਦੇ ਗੀਤ ਸੰਗੀਤ, ਬੱਚਿਆਂ ਦੇ ਨਾਚ ਗਾਣੇ ਇਸ ਮੌਕੇ ਪ੍ਰੋਗਰਾਮ ਨੂੰ ਮੇਲੇ ਦਾ ਰੂਪ ਦੇ ਗਏ।ਪ੍ਰੋਗਰਾਮ ਵਿਚ ਇਸ ਇਲਾਕੇ ਦੇ ਵੱਖ ਵੱਖ ਸਰਕਾਰੀ ਪੱਧਰ ਦੇ ਨੁਮਾਂਇੰਦੇ ਪਹੁੰਚੇ। ਇਨ੍ਹਾਂ ਵਿਚ ਬਰੈਂਪਟਨ ਦੇ ਮੇਅਰ ਪੈਟਰਿਕਬਰਾਊਨ,ਰਿਜਨਲਕੌਂਸਲਰ ਮਾਇਕਲ ਪਲੈਸ਼ੀ, ਐਮ ਪੀ ਪੀ ਅਮਰਜੋਤ ਸੰਧੂ, ਸਕੂਲ ਟਰੱਸਟੀਸਤਪਾਲ ਜੌਹਲ ਸ਼ਾਮਿਲ ਸਨ। ਇਸ ਤੋਂ ਇਲਾਵਾ ਸੀਨੀਅਰਜ਼ ਦੇ ਕੇਂਦਰੀ ਮੰਤਰੀ ਕਮਲ ਖਹਿਰਾ ਨੇ ਅਪਣੇ ਹੋਰ ਰੁਝੇਵਿਆਂ ਕਾਰਨ ਪ੍ਰੋਗਰਾਮ ਤੇ ਨਾ ਆ ਸਕਣ ਕਾਰਨ, ਅਪਣੇ ਵਲੋਂ ਇਸ ਮੌਕੇ ਸ਼ੁਭ ਸੁਨੇਹੇ ਭੇਜੇ। ਇਸ ਸਮੇਂ ਖਾਣ ਪੀਣ ਦਾ ਵੀ ਵੱਧੀਆ ਇੰਤਜ਼ਾਮ ਸੀ, ਜਿਸ ਵਿਚ ਚਾਹ ਪਾਣੀ, ਸਨੈਕਸ ਅਤੇ ਦੁਪਿਹਰ ਦਾ ਵੱਧੀਆ ਖਾਣਾ ਸ਼ਾਮਿਲ ਸੀ।

ਪ੍ਰੋਗਰਾਮ ਦੇ ਸ਼ੁਰੂ ਵਿਚ ਆਏ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦੱਸਤੇ ਦੇ ਕੇ ਜੀ ਆਇਆਂ ਕਿਹਾ ਗਿਆ। ਇਸ ਦੇ ਨਾਲ ਹੀ, ਬੱਚਿਆਂ ਵਲੋਂ ਬੜੀ ਸੁਰੀਲੀ ਆਵਾਜ਼ ਵਿੱਚ ਕਨੇਡਾ ਦਾ ਰਾਸ਼ਟਰੀ ਗੀਤ ਗਾਇਆ ਗਿਆ। ਮਹਿਮਾਨਾ ਦਾ ਸੁਆਗਤ ਕਰਦਿਆਂ ਕਲੱਬ ਦੇ ਸਰਪਰਸਤ ਚੀਫ ਇੰਜਨੀਅਰ (ਰਿਟਾਇਰਡ) ਈਸ਼ਰ ਸਿੰਘ ਚਹਿਲ ਨੇ ਸਭ ਨੂੰ ਜੀ ਆਇਆਂ ਕਿਹਾ। ਐਮ ਪੀ ਪੀ ਅਮਰਜੋਤ ਸੰਧੂ ਨੇ ਵਿਸ਼ੇਸ਼ ਤੌਰ ਤੇ ਇਸ ਇਲਾਕੇ ਦੀ ਟਰੈਫਿਕ ਸੌਖੀ ਬਣਾਉਣ ਹਿੱਤ ਬਣਾਏ ਜਾ ਰਹੇ ਹਾਈਵੇ413 ਦਾ ਜਿਕਰ ਕੀਤਾ, ਮੇਅਰ ਪੈਟਰਿਕਬਰਾਊਨ ਨੇ ਸ਼ਹਿਰ ਵਿਚ ਵਧਾਈਆਂ ਜਾ ਰਹੀਆਂ ਸਹੂਲਤਾਂ, ਖਾਸ ਕਰ ਬਜ਼ੁਰਗਾਂ ਲਈ ਮੁਫਤ ਬੱਸ ਸੇਵਾ ਬਾਰੇ ਦੱਸਿਆ। ਕਲੱਬ ਦੇ ਪ੍ਰਧਾਨ ਸੁਖਦੇਵ ਸਿੰਘ ਧਾਲੀਵਾਲ ਨੇ ਕਨੇਡਾ ਡੇ ਤੇ ਦੇਸ਼ ਵਿੱਚ ਮਿਲ ਰਹੀਆਂ ਸਹੂਲਤਾਂ ਦੀ ਪ੍ਰਸ਼ੰਸਾ ਕੀਤੀ ਅਤੇ ਸਭ ਨੂੰ ਰਲ ਮਿਲ ਕੇ ਕਲੱਬ ਨੂੰ ਹੋਰ ਚੰਗੇਰਾ ਬਣਾਉਣ ਲਈ ਸਹਿਯੋਗ ਦੇਣ ਲਈ ਕਿਹਾ।

ਡਾ ਬਲਜਿੰਦਰ ਸੇਖੋਂ ਨੇ ਕਨੇਡਾ ਦਿਵਸ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਬਲਵਿੰਦਰ ਬਰਨਾਲਾ ਨੇ ਵਡੇਰੀ ਉਮਰ ਵਿੱਚ ਕਿਸ ਤਰ੍ਹਾਂ ਦਿਮਾਗੀ ਪ੍ਰੇਸ਼ਾਨੀਆਂ ਤੋਂ ਬੱਚੀਏ ਬਾਰੇ ਅਪਣੇ ਵਿਚਾਰ ਪੇਸ਼ ਕੀਤੇ। ਸੀਨੀਅਰ ਕਲੱਬਾਂ ਦੀ ਫੈਡਰੇਸ਼ਨ ਦੇ ਪ੍ਰਧਾਨ ਜਗੀਰ ਸਿੰਘ ਸੈਂਭੀ ਨੇ ਸੰਸਥਾ ਵਲੋਂਸੀਨੀਅਰਜ਼ ਦੀਆਂ ਸਹੂਲਤਾਂ ਵਧਾਉਣ ਬਾਰੇ ਕੀਤੇ ਜਾ ਰਹੇ ਯਤਨਾ ਬਾਰੇ ਦੱਸਿਆ।

ਗੀਤ ਸੰਗੀਤ ਦੇ ਪ੍ਰੋਗਰਾਮ ਵਿੱਚ ਪਹਿਲਾਂ ਬੱਚਿਆਂ ਨੇ ਸੰਗੀਤ ਤੇ ਚੰਗੇ ਡਾਂਸ ਕਰ ਕੇ ਸਭ ਦਾ ਮੰਨੋਰੰਜਨ ਕੀਤਾ। ਜੀਤ, ਮਨਜੀਤ ਕੌਰ ਰੰਧਾਵਾ ਅਤੇ ਦਵਿੰਦਰੋ ਕੌਰ ਤੇ ਸਾਥਣਾ ਨੇ ਵਧੀਆਗੀਤ ਗਾਏ ਜੋ ਸਾਰਿਆਂ ਵਲੋਂ ਸਰਾਹੇ। ਪ੍ਰੋਗਰਾਮ ਦੇ ਆਖਿਰ ਤੇ ਔਰਤਾਂ ਨੇ ਗਿੱਧਾ ਪਾ ਕੇ ਤੀਆਂ ਦਾ ਮਾਹੌਲ ਬਣਾ ਦਿੱਤਾ।

ਪ੍ਰੋਗਰਾਮ ਦੀ ਕਾਮਯਾਬੀ ਵਿੱਚ ਸਾਰੇ ਆਹੁਦੇਦਾਰਾਂ ਦਾ ਖਾਸ ਯੋਗਦਾਨ ਰਿਹਾ। ਕਲੱਬ ਦੇ ਜਨਰਲ ਸਕੱਤਰ ਗੁਰਸੇਵਕ ਸਿੰਘ ਸਿੱਧੂ ਅਤੇ ਦਰਸ਼ਨ ਸਿੰਘ ਰੰਧਾਵਾ ਨੇ ਸਾਰੇ ਪ੍ਰੋਗਰਾਮ ਦਾ ਸੰਚਾਲਨ ਬੜੇ ਸੁਚੱਜੇ ਢੰਗ ਨਾਲ ਕੀਤਾ। ਕਲੱਬ ਬਾਰੇ ਹੋਰ ਜਾਣਕਾਰੀ ਲਈ ਗੁਰਸੇਵਕ ਸਿੰਘ ਸਿੱਧੂ (647 510 1616) ਤੇ ਸੰਪਰਕ ਕੀਤਾ ਜਾ ਸਕਦਾ ਹੈ।













TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant



ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9


# ਸਰਕਾਰ ਤੁਹਾਡੇ ਦੁਆਰ ਤਹਿਤ ਵਿਧਾਨ ਸਭਾ ਹਲਕਾ ਮਲੋਟ ਦੇ ਪਿੰਡ ਰਾਮ ਨਗਰ ਖਜਾਨ ਸਿੰਘ ਵਿਖੇ ਲਗਾਇਆ ਗਿਆ ਜਨ ਸੁਵਿਧਾ ਕੈਂਪ

ਮਲੋਟ/ਸ੍ਰੀ ਮੁਕਤਸਰ ਸਾਹਿਬ 10 ਜੁਲਾਈ (ਗਿਆਨ ਸਿੰਘ): ਪੰਜਾਬ ਸਰਕਾਰ ਲੋਕ ਨੂੰ ਉਹਨਾਂ ਦੇ ਘਰਾਂ ਦੇ ਨੇੜੇ ਹੀ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਸਰਕਾਰ ਤੁਹਾਡੇ ਦੁਆਰ ਤਹਿਤ ਲੋਕ ਬਿਨ੍ਹਾਂ ਕਿਸੇ ਖਜਲ ਖੁਆਰੀ ਦੇ ਆਪਣੇ ਘਰ੍ਹਾਂ ਦੇ ਨੇੜੇ ਹੀ ਲੋਕ ਭਲਾਈ ਸਕੀਮਾਂ ਦਾ ਲਾਭ ਦੇਣ ਲਈ ਡਾ. ਸੰਜੀਵ ਕੁਮਾਰ ਐਸ.ਡੀ.ਐਮ. ਮਲੋਟ ਦੀ ਪ੍ਰਧਾਨਗੀ ਹੇਠ ਵਿਧਾਨ ਸਭਾ ਹਲਕੇ ਮਲੋਟ ਦੇ ਪਿੰਡ ਰਾਮਨਗਰ ਖਜਾਨ ਸਿੰਘ ਵਿਖੇ ਜਨ ਸੁਵਿਧਾ ਕੈਂਪ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਤੇ ਡਾ. ਸੰਜੀਵ ਕੁਮਾਰ ਐਸ ਡੀ ਐਮ ਮਲੋਟ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਸੂਦਨ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੀਆਂ ਹਦਾਇਤਾਂ ਤੇ ਜ਼ਿਲ੍ਹੇ ਵਿੱਚ ਜਨ ਸੁਵਿਧਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਇਸ ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ/ਸਮੱਸਿਆਵਾਂ ਦਾ ਨਿਪਟਾਰਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ। ਇਸ ਕੈਂਪ ਵਿੱਚ ਵੱਖ-ਵੱਖ ਵਿਭਾਗ ਵਲੋਂ ਲੋਕ ਭਲਾਈ ਸਕੀਮਾਂ ਦੀ ਵੀ ਜਾਣਕਾਰੀ ਦਿੱਤੀ ਗਈ ਤਾਂ ਜੋ ਉਹਨਾਂ ਨੂੰ ਕਿਸੇ ਵੀ ਪ੍ਰਕਾਰ ਦੀ ਕੋਈ ਮੁਸ਼ਕਲ ਪੇਸ਼ ਨਾ ਆਵੇ।


Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net



ਬਰਾੜ ਗਰਾਜ ਡੋਰ



ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS




We Install
Garage Door Openers

ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ



Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family

MacroGlobal Immigration Services Ltd.
Seema Bhayana
ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



SherGill Law Firm
Barrister, Solicitor & Notary Public

Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਤਰਨਤਾਰਨ ਸੇਵਾ ਕੇਂਦਰ ਤੋਂ ਚੱਲ ਰਹੇ ਜਾਅਲੀ ਅਸਲਾ ਲਾਇਸੈਂਸ ਰੈਕੇਟ ਦਾ ਪਰਦਾਫਾਸ਼, ਅੱਠ ਕਾਬੂ

## ਪੁਲਿਸ ਟੀਮਾਂ ਨੇ ਛੇ ਜਾਅਲੀ ਅਸਲਾ ਲਾਇਸੈਂਸ, ਸੱਤ ਹਥਿਆਰ ਅਤੇ ਜਾਅਲੀ ਦਸਤਾਵੇਜ਼ਾਂ ਦੇ ਵੇਰਵਿਆਂ ਵਾਲਾ ਲੈਪਟਾਪ ਕੀਤਾ ਬਰਾਮਦ





ਚੰਡੀਗੜ੍ਹ, 10 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚ ਸੰਗਠਿਤ ਅਪਰਾਧਾਂ ਨੂੰ ਖ਼ਤਮ ਕਰਨ ਲਈ ਵਿੱਢੀ ਮੁਹਿੰਮ ਦੌਰਾਨ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਜਾਅਲੀ ਅਸਲਾ ਲਾਇਸੈਂਸ ਬਣਾਉਣ ਵਾਲੇ ਗਿਰੋਹ ਦੇ ਦੋ ਮੈਂਬਰ ਅਤੇ ਛੇ ਜਾਅਲੀ ਅਸਲਾ ਲਾਇਸੰਸਧਾਰਕਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਰੈਕੇਟ ਦਾ ਪਰਦਾਫਾਸ਼ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਇਹ ਰੈਕੇਟ ਤਰਨਤਾਰਨ ਸੇਵਾ ਕੇਂਦਰ ਤੋਂ ਜ਼ਿਲ੍ਹਾ ਮੈਨੇਜਰ ਸੂਰਜ ਭੰਡਾਰੀ ਜੋ ਕਿ ਹੁਣ ਫਰਾਰ ਹੈ, ਦੀ ਮਿਲੀਭੁਗਤ ਨਾਲ ਚੱਲ ਰਿਹਾ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਗਿਰੋਹ ਦੇ ਮੈਂਬਰਾਂ ਵਿੱਚ ਤਰਨਤਾਰਨ ਸੇਵਾ ਕੇਂਦਰ ਦਾ ਕਰਮਚਾਰੀ ਹਰਪਾਲ ਸਿੰਘ ਅਤੇ ਇੱਕ ਫੋਟੋਸਟੇਟ ਦੁਕਾਨ ਦਾ ਮਾਲਕ ਬਲਜੀਤ ਸਿੰਘ ਜਿਸ ਨੇ ਜਾਅਲੀ ਅਸਲਾ ਲਾਇਸੈਂਸ ਬਣਾਉਣ ਲਈ ਆਧਾਰ ਕਾਰਡ ਅਤੇ ਅਸਲਾ ਲਾਇਸੈਂਸ ਪ੍ਰੋਫਾਰਮਾ ਸਮੇਤ ਲੋੜੀਂਦੇ ਪਛਾਣ ਪੱਤਰਾਂ ਨਾਲ ਛੇੜਛਾੜ ਕਰਨ ਦੀ ਗੱਲ ਕਬੂਲ ਕੀਤੀ ਹੈ, ਸ਼ਾਮਲ ਹਨ। ਪੁਲਿਸ ਟੀਮਾਂ ਨੇ ਲੈਪਟਾਪ ਵੀ ਬਰਾਮਦ ਕੀਤਾ ਹੈ ਜਿਸ ਵਿੱਚ ਵੱਖ-ਵੱਖ ਸੰਪਾਦਿਤ ਦਸਤਾਵੇਜ਼ਾਂ ਦੇ ਵੇਰਵੇ ਅਤੇ ਦਸਤਾਵੇਜ਼ਾਂ ਨਾਲ ਛੇੜਛਾੜ ਕਰਨ ਲਈ ਵਰਤੇ ਜਾਂਦੇ ਆਨਲਾਈਨ ਓਪਨ ਸੋਰਸ ਸਾਫਟਵੇਅਰ ਸ਼ਾਮਲ ਹਨ।

ਇਸ ਰੈਕੇਟ ਦਾ ਪਰਦਾਫਾਸ਼ 9 ਅਪ੍ਰੈਲ, 2024 ਨੂੰ ਇਰਾਦਾ ਕਤਲ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਅੰਨਗੜ੍ਹ ਦੇ ਬੱਬਲੂ ਉਰਫ ਬੱਲੂ, ਜਿਸ ਨੇ ਪੁੱਛਗਿੱਛ ਦੌਰਾਨ ਸਹਿ-ਦੋਸ਼ੀ ਕੰਵਰਦੀਪ ਸਿੰਘ ਦੇ ਨਾਲ ਜਾਅਲੀ ਲਾਇਸੈਂਸੀ ਹਥਿਆਰ ਰੱਖਣ ਦੀ ਗੱਲ ਕਬੂਲ ਕੀਤੀ ਸੀ, ਤੋਂ ਮਿਲੀ ਜਾਣਕਾਰੀ ਉਪਰੰਤ ਹੋਇਆ।

ਡੀਜੀਪੀ ਨੇ ਦੱਸਿਆ ਕਿ ਮੁਲਜ਼ਮ ਬੱਲੂ ਦੇ ਖੁਲਾਸੇ ਤੋਂ ਬਾਅਦ ਏਡੀਸੀਪੀ ਜ਼ੋਨ-1 ਡਾ. ਦਰਪਨ ਆਹਲੂਵਾਲੀਆ ਅਤੇ ਏਸੀਪੀ ਸੈਂਟਰਲ ਸੁਰਿੰਦਰ ਸਿੰਘ ਦੀ ਨਿਗਰਾਨੀ ਹੇਠ ਥਾਣਾ ਗੇਟ ਹਕੀਮਾ ਤੋਂ ਟੀਮਾਂ ਨੇ ਜਾਂਚ ਸ਼ੁਰੂ ਕੀਤੀ ਅਤੇ ਪਤਾ ਲੱਗਾ ਕਿ ਅਸਲਾ ਲਾਇਸੈਂਸ ਡਿਪਟੀ ਕਮਿਸ਼ਨਰ ਦਫ਼ਤਰ ਤਰਨਤਾਰਨ ਤੋਂ ਤਸਦੀਕ ਕੀਤਾ ਗਿਆ ਸੀ ਪਰ ਇਸ ਸਬੰਧੀ ਸਰਕਾਰੀ ਰਿਕਾਰਡ ਵਿੱਚ ਕੋਈ ਜਾਣਕਾਰੀ ਦਰਜ ਨਹੀਂ ਸੀ।

ਉਨ੍ਹਾਂ ਕਿਹਾ ਕਿ ਤਰਨਤਾਰਨ ਦੇ ਲੋਕਾਂ ਤੋਂ ਇਲਾਵਾ ਅਪਰਾਧੀ ਪਿਛੋਕੜ ਵਾਲੇ ਅੰਮ੍ਰਿਤਸਰ ਦੇ ਵਸਨੀਕ ਵੀ ਤਰਨਤਾਰਨ ਤੋਂ ਜਾਅਲੀ ਆਧਾਰ ਕਾਰਡਾਂ ਦੇ ਆਧਾਰ 'ਤੇ ਜਾਅਲੀ ਲਾਇਸੈਂਸ ਬਣਾ ਰਹੇ ਸਨ।

ਡੀਜੀਪੀ ਗੌਰਵ ਯਾਦਵ ਨੇ ਗੰਨ ਹਾਊਸਾਂ ਦੀ ਮਿਲੀਭੁਗਤ ਨੂੰ ਨਾ ਨਕਾਰਦਿਆਂ ਕਿਹਾ ਕਿ ਪੁਲਿਸ ਟੀਮਾਂ ਅਜਿਹੇ ਗੰਨ ਹਾਊਸਾਂ ਦੀ ਭੂਮਿਕਾ ਦੀ ਜਾਂਚ ਕਰ ਰਹੀਆਂ ਹਨ ਜਿਹਨਾਂ ਨੇ ਫਰਜ਼ੀ ਲਾਈਸੈਂਸ ਹੋਣ ਦਾ ਪਤਾ ਹੁੰਦਿਆਂ ਵੀ ਬਿਨਾਂ ਆਨਲਾਈਨ ਵੈਰੀਫਿਕੇਸ਼ਨ ਕੀਤਿਆਂ ਅਸਲਾ ਵੇਚਿਆ। ਉਨ੍ਹਾਂ ਕਿਹਾ ਕਿ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ 11 ਜੂਨ, 2024 ਨੂੰ ਐਫਆਈਆਰ ਦਰਜ ਕੀਤੀ ਗਈ ਸੀ ਅਤੇ ਪੰਜ ਹੋਰ ਜਾਅਲੀ ਅਸਲਾ ਲਾਇਸੰਸਧਾਰਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਹਨਾਂ ਵਿੱਚ ਅਭੈ ਵਾਸੀ ਸੁਲਤਾਨਵਿੰਡ ਨੂੰ ਫਰਜ਼ੀ ਤੌਰ 'ਤੇ ਜੰਡਿਆਲਾ ਰੋਡ, ਤਰਨਤਾਰਨ ਦਾ ਵਾਸੀ ਦਿਖਾਇਆ ਗਿਆ ਹੈ, ਇਸੇ ਤਰ੍ਹਾਂ ਅੰਮ੍ਰਿਤਸਰ ਦੇ ਮਨਪ੍ਰੀਤ ਨੂੰ ਤਰਨਤਾਰਨ ਦਾ ਵਸਨੀਕ, ਅੰਮ੍ਰਿਤਸਰ ਦੇ ਕੰਵਰਦੀਪ ਨੂੰ ਰੇਲਵੇ ਰੋਡ, ਤਰਨਤਾਰਨ ਅਤੇ ਅੰਮ੍ਰਿਤਸਰ ਦੇ ਰੋਹਿਤ ਨੂੰ ਤਰਨਤਾਰਨ ਦੇ ਪਿੰਡ ਕੰਗ ਦਾ ਵਸਨੀਕ ਦਿਖਾਇਆ ਗਿਆ ਹੈ, ਨੂੰ 12 ਜੂਨ 2024 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਜਦਕਿ ਸਦਰ ਤਰਨਤਾਰਨ ਦੇ ਰਹਿਣ ਵਾਲੇ ਹਰਿੰਦਰ ਨੂੰ 2 ਜੁਲਾਈ 2024 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ 6 ਜਾਅਲੀ ਅਸਲਾ ਲਾਇਸੰਸ, ਫ਼ਰਜ਼ੀ ਆਧਾਰ ਕਾਰਡ ਅਤੇ 7 ਹਥਿਆਰ ਜਿਹਨਾਂ ਵਿੱਚ .32 ਬੋਰ ਦੇ 4 ਪਿਸਤੌਲ, .32 ਬੋਰ ਦੇ 2 ਰਿਵਾਲਵਰ ਅਤੇ 1 ਡਬਲ ਬੈਰਲ ਰਾਈਫਲ ਸ਼ਾਮਲ ਹੈ, ਵੀ ਬਰਾਮਦ ਕੀਤੇ ਹਨ।

ਸੀਪੀ ਨੇ ਦੱਸਿਆ ਕਿ ਗਿਰੋਹ ਦਾ ਸਰਗਨਾ ਸੂਰਜ ਭੰਡਾਰੀ ਅਸਲਾ ਲਾਇਸੈਂਸ ਤਿਆਰ ਕਰਨ ਲਈ 1.5 ਲੱਖ ਰੁਪਏ ਪ੍ਰਤੀ ਗਾਹਕ ਫੀਸ ਲੈ ਰਿਹਾ ਸੀ, ਜਿਸ ਵਿੱਚੋਂ 5-10 ਹਜ਼ਾਰ ਰੁਪਏ ਕਮਿਸ਼ਨ ਮੁਲਜ਼ਮ ਫੋਟੋਸਟੇਟ ਦੁਕਾਨ ਦੇ ਮਾਲਕ ਬਲਜੀਤ ਨੂੰ ਦਿੱਤਾ ਜਾਂਦਾ ਸੀ, ਜਦਕਿ ਸੇਵਾ ਕੇਂਦਰ ਦੇ ਮੁਲਾਜ਼ਮ ਹਰਪਾਲ ਨੂੰ 10-20 ਹਜ਼ਾਰ ਰੁਪਏ ਮਿਲ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਉਹ ਕਿਊਆਰ ਕੋਡ, ਹੋਲੋਗ੍ਰਾਮ, ਸਟੈਂਪ ਅਤੇ ਡਿਜੀਟਲ ਹਸਤਾਖਰਾਂ ਨਾਲ ਛੇੜਛਾੜ ਕਰਦੇ ਸਨ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਮੁਲਜ਼ਮ ਸੂਰਜ ਭੰਡਾਰੀ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

ਇਸ ਸਬੰਧੀ ਐਫਆਈਆਰ ਨੰ. 101 ਮਿਤੀ 11/6/24 ਨੂੰ ਅੰਮ੍ਰਿਤਸਰ ਦੇ ਥਾਣਾ ਗੇਟ ਹਕੀਮਾ ਵਿਖੇ ਭਾਰਤੀ ਦੰਡਾਵਲੀ (ਆਈਪੀਸੀ) ਦੀਆਂ ਧਾਰਾਵਾਂ 417, 420, 177, 465, 467, 469, 471, ਅਤੇ 120ਬੀ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।







ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202


## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com









## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013





**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




# ਹੁਣ ਆਈ ਰੁੱਖ ਲਾਉਣ ਦੀ ਵਾਰੀ..



ਡਾ: ਨਿਸ਼ਾਨ ਸਿੰਘ ਰਾਠੌਰ

16 ਜੁਲਾਈ ਤੋਂ ਸਾਵਣ ਦਾ ਮਹੀਨਾ ਆਰੰਭ ਹੋਣ ਵਾਲਾ ਹੈ। ਇਹ ਮਹੀਨਾ ਬਰਸਾਤਾਂ ਦਾ ਮਹੀਨਾ ਹੁੰਦਾ ਹੈ/ ਰੁੱਖ- ਬੂਟੇ ਲਾਉਣ ਦਾ ਮਹੀਨਾ ਹੁੰਦਾ ਹੈ। ਜਿਸ ਤਰ੍ਹਾਂ ਧਰਤੀ ਉੱਤੇ ਮਨੁੱਖਾਂ ਦੁਆਰਾ ਗੰਦਗੀ 'ਚ ਵਾਧਾ ਕੀਤਾ ਜਾ ਰਿਹਾ ਹੈ/ ਨਿਰੰਤਰ ਦਰਖ਼ਤ ਵੱਢੇ ਜਾ ਰਹੇ ਹਨ ਜੇਕਰ ਇੰਝ ਹੀ ਚੱਲਦਾ ਰਿਹਾ ਤਾਂ ਆਉਣ ਵਾਲੇ ਦੱਸ- ਪੰਦਰਾਂ ਸਾਲਾਂ ਬਾਅਦ ਧਰਤੀ ਦਾ ਤਾਪਮਾਨ ਇੰਨਾ ਜਿਆਦਾ ਵੱਧ ਜਾਵੇਗਾ ਕਿ ਮਨੁੱਖੀ ਜੀਵਨ ਨੂੰ ਹੀ ਖ਼ਤਰਾ ਪੈਦਾ ਹੋ ਜਾਵੇਗਾ। ਧਰਤੀ ਤੋਂ ਕਈ ਤਰ੍ਹਾਂ ਦੇ ਜੀਵ- ਜੰਤੂਆਂ ਦਾ ਖ਼ਾਤਮਾ ਹੋ ਜਾਵੇਗਾ। ਕਈ ਤਰ੍ਹਾਂ ਦੀ ਬਨਸਪਤੀ ਅਲੋਪ ਹੋ ਜਾਵੇਗੀ। ਇਸਦਾ ਮੁੱਖ ਕਾਰਨ ਇਹ ਹੈ ਕਿ ਮਸ਼ੀਨੀ ਦੌਰ ਵਿੱਚ ਰੁੱਖ- ਬੂਟੇ ਲਗਾਤਾਰ ਵੱਢੇ ਜਾ ਰਹੇ ਹਨ। ਪੱਥਰ ਦੇ ਸ਼ਹਿਰਾਂ ਨੇ ਜੰਗਲਾਂ ਨੂੰ ਨਿਗਲ ਲਿਆ ਹੈ।

ਇਸ ਨਾਲ ਜਿੱਥੇ ਹਵਾ ਵਿੱਚ ਤਪਸ਼ ਵੱਧ ਰਹੀ ਹੈ ਉੱਥੇ ਹੀ ਗਰਮੀ ਦਾ ਪ੍ਰਭਾਵ ਦਿਨੋਂ- ਦਿਨ ਪ੍ਰਚੰਡ ਹੁੰਦਾ ਜਾ ਰਿਹਾ ਹੈ। ਕਈ ਤਰ੍ਹਾਂ ਦੀਆਂ ਬਿਮਾਰੀਆਂ ਨੇ ਮਨੁੱਖ ਨੂੰ ਆਪਣੀ ਚਪੇਟ ਵਿੱਚ ਲੈ ਲਿਆ ਹੈ। ਸਰਕਾਰਾਂ, ਸਮਾਜ ਸੇਵੀ ਸੰਸਥਾਵਾਂ ਅਤੇ ਬੁੱਧੀਜੀਵੀ ਵਰਗ ਅਕਸਰ ਹੀ ਰੁੱਖਾਂ ਦੀ ਅਹਿਮੀਅਤ ਬਾਰੇ ਚਰਚਾਵਾਂ ਕਰਦੇ ਰਹਿੰਦੇ ਹਨ। ਹੁਣ ਸਾਵਣ ਦੇ ਮਹੀਨੇ ਵਿੱਚ ਰੁੱਖਾਂ ਨੂੰ ਲਗਾਉਣ ਦਾ ਵਕਤ ਆ ਗਿਆ ਹੈ। ਇਸ ਮਹੀਨੇ ਵਿੱਚ ਰੁੱਖ ਬਹੁਤ ਜਲਦੀ ਜੜ੍ਹ ਫ਼ੜ ਲੈਂਦੇ ਹਨ। ਇਸ ਲਈ ਸਰਕਾਰਾਂ, ਸੰਸਥਾਵਾਂ ਅਤੇ ਬੁੱਧੀਜੀਵੀ ਵਰਗ ਨੂੰ ਚਾਹੀਦਾ ਹੈ ਕਿ ਖਾਲੀ ਥਾਵਾਂ 'ਤੇ ਰੁੱਖਾਂ ਨੂੰ ਲਗਾਉਣ ਤਾਂ ਕਿ ਧਰਤੀ ਦੀ ਤਪਸ਼ ਨੂੰ ਕੁਝ ਘੱਟ ਕੀਤਾ ਜਾ ਸਕੇ।

ਆਮ ਪਿੰਡਾਂ ਵਿੱਚ ਖਾਲੀ ਥਾਵਾਂ ਦੀ ਚੋਣ ਕਰਕੇ ਨੌਜਵਾਨਾਂ / ਪੰਚਾਇਤਾਂ ਵੱਲੋਂ ਰੁੱਖਾਂ ਦੇ ਲੰਗਰ ਲਗਾਏ ਜਾਣਾ ਚਾਹੀਦੇ ਹਨ ਤਾਂ ਕਿ ਧਰਤੀ 'ਤੇ ਹਰਿਆਵਲ ਕੀਤੀ ਜਾ ਸਕੇ। ਹਰ ਮਨੁੱਖ ਆਪਣੀ ਜ਼ਿੰਦਗੀ ਦੇ ਖ਼ਤਮ ਹੋਣ (ਮਰਨ) ਬਾਅਦ ਇੱਕ ਰੁੱਖ ਦੀ ਲੱਕੜ ਨਾਲ ਲੈ ਕੇ ਸੜਦਾ ਹੈ ਪਰ, ਉਹੀ ਮਨੁੱਖ ਆਪਣੀ ਪੂਰੀ ਜ਼ਿੰਦਗੀ ਵਿੱਚ ਇੱਕ ਵੀ ਰੁੱਖ ਨਹੀਂ ਲਗਾਉਂਦਾ। ਇਸ ਨਾਲ ਧਰਤੀ ਗੰਦਲੀ ਹੁੰਦੀ ਜਾ ਰਹੀ ਹੈ, ਤਰ੍ਹਾਂ- ਤਰ੍ਹਾਂ ਦੀਆਂ ਬਿਮਾਰੀਆਂ ਮਨੁੱਖ ਨੂੰ ਘੇਰ ਰਹੀਆਂ ਹਨ। ਇਸ ਲਈ ਹਰ ਮਨੁੱਖ ਨੂੰ ਆਪਣਾ ਨੈਤਿਕ ਫਰਜ਼ ਸਮਝਦਿਆਂ ਰੁੱਖ-ਬੂਟੇ ਲਗਾਉਣੇ ਚਾਹੀਦੇ ਹਨ। ਪਰ, ਇਹ ਹੁੰਦਾ ਕਦੋਂ ਹੈ? ਇਹ ਅਜੇ ਭਵਿੱਖ ਦੀ ਕੁੱਖ ਵਿੱਚ ਹੈ।

ਸੰਪਰਕ 90414-98009

# 70 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਪੀ.ਐੱਨ.ਡੀ.ਟੀ. ਟੀਮ ਦੇ ਚਾਰ ਮੈਂਬਰ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 10 ਜੁਲਾਈ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਇੱਕ ਮਹੱਤਵਪੂਰਨ ਕਾਰਵਾਈ ਤਹਿਤ ਹਰਿਆਣਾ ਅਤੇ ਪੰਜਾਬ ਦੀ ਸਾਂਝੀ ਪ੍ਰੀ-ਕਨਸੈਪਸ਼ਨ ਅਤੇ ਪ੍ਰੀ-ਨੈਟਲ ਡਾਇਗਨੌਸਟਿਕ ਟੈਕਨੀਕ (ਪੀ.ਸੀ.ਪੀ.ਐਨ.ਡੀ.ਟੀ.) ਟੀਮ ਦੇ ਚਾਰ ਵਿਅਕਤੀਆਂ ਨੂੰ ਸਟਿੰਗ ਆਪ੍ਰੇਸ਼ਨ ਦੌਰਾਨ 70,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਇਨ੍ਹਾਂ ਸ਼ੱਕੀਆਂ ਨੇ ਹੋਰ ਕਰਮਚਾਰੀਆਂ ਅਤੇ ਪ੍ਰਾਈਵੇਟ ਵਿਅਕਤੀਆਂ ਨਾਲ ਮਿਲ ਕੇ ਪੰਜਾਬ ਅਤੇ ਹਰਿਆਣਾ ਦੇ ਵੱਖ-ਵੱਖ ਕਲੀਨਿਕਾਂ ਵਿੱਚ ਚੱਲ ਰਹੇ ਗੈਰ-ਕਾਨੂੰਨੀ ਅਲਟਰਾਸਾਊਂਡ ਲਿੰਗ ਨਿਰਧਾਰਨ ਟੈਸਟਾਂ ਲਈ ਰਿਸ਼ਵਤਾਂ ਲੈਣ ਵਾਸਤੇ ਇੱਕ ਅੰਤਰਰਾਜੀ ਗਠਜੋੜ ਬਣਾਇਆ ਹੋਇਆ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਦੀਪਕ ਸਿਵਲ ਹਸਪਤਾਲ, ਸਿਰਸਾ ਵਿਖੇ ਫਾਰਮਾਸਿਸਟ ਵਜੋਂ ਤਾਇਨਾਤ ਗੋਇਲ ਪੁੱਤਰ ਚਮਨ ਲਾਲ, ਜ਼ਿਲ੍ਹਾ ਕੋਆਰਡੀਨੇਟਰ, ਪੀ.ਐਨ.ਡੀ.ਟੀ., ਸਿਵਲ ਸਰਜਨ, ਬਰਨਾਲਾ ਵਿਖੇ ਤਾਇਨਾਤ ਗੁਰਜੀਤ ਸਿੰਘ ਪੁੱਤਰ ਹਮੀਰ ਸਿੰਘ, ਸਿਵਲ ਸਰਜਨ ਦਫ਼ਤਰ ਬਠਿੰਡਾ ਵਿਖੇ ਚਪੜਾਸੀ ਵਜੋਂ ਤਾਇਨਾਤ ਰਾਜ ਸਿੰਘ ਪੁੱਤਰ ਗੁਰਤੇਜ ਸਿੰਘ ਅਤੇ ਸਿਵਲ ਸਰਜਨ ਦਫ਼ਤਰ ਸਿਰਸਾ ਵਿਖੇ ਡਰਾਈਵਰ ਸੁਰਿੰਦਰ ਸਿੰਘ ਪੁੱਤਰ ਰਾਮ ਕੁਮਾਰ ਵਜੋਂ ਹੋਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਕਿਹਾ ਕਿ ਪੀ.ਸੀ.ਪੀ.ਐਨ.ਡੀ.ਟੀ. ਐਕਟ, ਜੋ ਆਮ ਤੌਰ 'ਤੇ ਪੀ.ਐਨ.ਡੀ.ਟੀ. ਐਕਟ ਵਜੋਂ ਜਾਣਿਆ ਜਾਂਦਾ ਹੈ, ਦਾ ਮੁੱਖ ਉਦੇਸ਼ ਜਨਮ ਤੋਂ ਪਹਿਲਾਂ ਦੇ ਲਿੰਗ ਨਿਰਧਾਰਨ ਟੈਸਟਾਂ 'ਤੇ ਪਾਬੰਦੀ ਲਗਾ ਕੇ ਮਾਦਾ ਭਰੂਣ ਹੱਤਿਆ ਨੂੰ ਰੋਕਣਾ ਹੈ। ਇਹ ਦੋਵੇਂ ਲਿੰਗਾਂ ਲਈ ਬਰਾਬਰ ਮੌਕੇ ਯਕੀਨੀ ਬਣਾਉਣ ਲਈ ਡਾਇਗਨੌਸਟਿਕ ਤਕਨੀਕਾਂ ਨੂੰ ਵੀ ਨਿਯਮਿਤ ਕਰਦਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਪਾਤੜਾਂ, ਜ਼ਿਲ੍ਹਾ ਪਟਿਆਲਾ ਵਿੱਚ ਤਿੰਨ ਦਹਾਕਿਆਂ ਤੋਂ ਮਹਾਵੀਰ ਹਸਪਤਾਲ ਚਲਾ ਰਹੇ ਡਾ: ਅਸ਼ੋਕ



ਕੁਮਾਰ ਨੇ ਵਿਜੀਲੈਂਸ ਕੋਲ ਪਹੁੰਚ ਕਰਕੇ ਦੱਸਿਆ ਕਿ 2020 ਵਿੱਚ ਪੰਜਾਬ ਦੇ ਸਥਾਨਕ ਡਾਕਟਰਾਂ ਅਤੇ ਹਰਿਆਣਾ ਦੇ ਸਿਰਸਾ ਵਿੱਚ ਪੀਐਨਡੀਟੀ ਇੰਚਾਰਜ ਵੱਲੋਂ ਕੀਤੀ ਸਾਂਝੀ ਜਾਂਚ ਤੋਂ ਬਾਅਦ ਡਾ.ਅਸ਼ੋਕ ਨੂੰ ਪੀਐਨਡੀਟੀ ਐਕਟ ਤਹਿਤ ਦੋਸ਼ਾਂ ਦਾ ਸਾਹਮਣਾ ਕਰਨਾ ਪਿਆ ਸੀ। ਇਸ ਪਿੱਛੋਂ ਮਾਰਚ 2024 ਵਿੱਚ ਉਸਦੇ ਕਲੀਨਿਕ, ਮਹਾਵੀਰ ਹਸਪਤਾਲ 'ਤੇ ਬਾਅਦ ਵਿੱਚ ਮਾਰੇ ਗਏ ਛਾਪੇ ਦੌਰਾਨ ਕੋਈ ਸਬੂਤ ਨਹੀਂ ਮਿਲਿਆ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਡਾਕਟਰ ਨੇ ਅੱਗੇ ਦੋਸ਼ ਲਾਇਆ ਕਿ ਸੁਰੇਂਦਰ ਬੈਨੀਵਾਲ, ਜੋ ਕਿ ਪੀ.ਐਨ.ਡੀ.ਟੀ. ਸਿਰਸਾ ਵਿਖੇ ਤੈਨਾਤ ਹੋਣ ਦਾ ਦਾਅਵਾ ਕਰਦਾ ਹੈ, ਨੇ ਕਥਿਤ ਤੌਰ 'ਤੇ ਵਟਸਐਪ ਰਾਹੀਂ ਡਾ: ਅਸ਼ੋਕ ਕੁਮਾਰ ਨਾਲ ਸੰਪਰਕ ਕੀਤਾ ਅਤੇ ਡਾ. ਅਸ਼ੋਕ ਤੋਂ ਗੈਰ-ਕਾਨੂੰਨੀ ਅਲਟਰਾਸਾਊਂਡ ਲਿੰਗ ਨਿਰਧਾਰਨ ਕਰਨ ਦੀ ਖੁੱਲ ਦੇਣ ਬਦਲੇ 70,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ। ਇਸ ਦੌਰਾਨ ਬੈਨੀਵਾਲ ਵੱਲੋਂ ਰਿਸ਼ਵਤ ਮੰਗਣ ਸਬੰਧੀ ਸਪੱਸ਼ਟ ਮੰਗ ਕਰਨ ਦੀਆਂ ਆਡੀਓ ਰਿਕਾਰਡਿੰਗਾਂ ਉਪਲਬਧ ਹਨ, ਜਿਸ ਵਿੱਚ ਡਾ. ਭਾਰਤ ਭੂਸ਼ਣ, ਇੰਚਾਰਜ ਪੀ.ਐਨ.ਡੀ.ਟੀ. ਸਿਰਸਾ, ਲੁਧਿਆਣਾ ਤੋਂ ਡਾ: ਔਲਖ ਅਤੇ ਡਾ.ਐਸ.ਜੇ. ਸਿੰਘ ਵੀ ਸ਼ਾਮਲ ਹਨ।

ਬੁਲਾਰੇ ਲੇ ਅੱਗੇ ਖੁਲਾਸਾ ਕੀਤਾ ਕਿ ਬਿਊਰੋ ਨੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਵਿਜੀਲੈਂਸ ਦੇ ਫਲਾਇੰਗ ਸਕੁਐਡ-1, ਪੰਜਾਬ ਨੇ ਮੋਹਾਲੀ ਵਿਖੇ ਸੁਰੇਂਦਰ ਬੈਨੀਵਾਲ ਖਿਲਾਫ ਐਫਆਈਆਰ ਦਰਜ ਕੀਤੀ। ਇਸੇ ਦੌਰਾਨ ਦੋਸ਼ੀ ਡਾਕਟਰਾਂ ਨੂੰ 40,000 ਦੀ ਰਕਮ ਸਮੇਤ ਫੜਨ ਲਈ ਪੰਜਾਬ ਅਤੇ ਹਰਿਆਣਾ ਦੇ ਡਾਕਟਰਾਂ ਦੀ ਸਾਂਝੀ ਟੀਮ ਨੇ ਲਿੰਗ ਨਿਰਧਾਰਨ ਕਰਨ ਲਈ ਇੱਕ ਫਰਜ਼ੀ ਮਹਿਲਾ ਮਰੀਜ਼ ਦੀ ਮੱਦਦ ਨਾਲ ਜਾਲ ਵਿਛਾਇਆ ਹੋਇਆ ਸੀ। ਉਕਤ ਮੁਲਜ਼ਮਾਂ ਦੀ ਟੀਮ ਪਟਿਆਲਾ ਜ਼ਿਲ੍ਹੇ ਦੇ ਪਾਤੜਾਂ ਕਸਬੇ ਵਿੱਚ ਇੱਕ ਨਿੱਜੀ ਹੋਟਲ 'ਤੇ ਫਰਜ਼ੀ ਮਹਿਲਾ ਮਰੀਜ਼ ਤੋਂ ਰਿਸ਼ਵਤ ਦੀ ਰਕਮ ਵਸੂਲਣ ਲਈ ਪਹੁੰਚੀ ਸੀ ਪਰ ਵਿਜੀਲੈਂਸ ਬਿਊਰੋ ਦੀ ਟੀਮ ਨੇ ਉਕਤ ਪੀ.ਐਨ.ਡੀ.ਟੀ. ਟੀਮ ਦੇ ਚਾਰ ਮੈਂਬਰਾਂ ਨੂੰ ਸ਼ਿਕਾਇਤਕਰਤਾ ਡਾ. ਅਸ਼ੋਕ ਤੋਂ 70,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਕਾਬੂ ਕਰ ਲਿਆ। ਉਕਤ ਸੰਯੁਕਤ ਟੀਮ ਦੇ ਮੈਂਬਰਾਂ ਦੀ ਮੌਜੂਦਗੀ ਵਿਚ ਹੀ ਉਹ 40,000 ਰੁਪਏ ਵੀ ਬਰਾਮਦ ਕੀਤੇ ਜੋ ਕਿ ਮਿਥੇ ਹੋਏ ਸਟਿੰਗ ਅਪਰੇਸ਼ਨ ਦੌਰਾਨ ਔਰਤ ਵੱਲੋਂ ਲਿੰਗ ਨਿਰਧਾਰਨ ਕਟਨ ਡਾਕਟਰਾਂ ਨੂੰ ਦਿੱਤੇ ਜਾਣੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਇਸ ਰੈਕੇਟ ਵਿੱਚ ਸ਼ਾਮਲ ਹੋਰ ਡਾਕਟਰਾਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

# ਭਾਜਪਾ ਆਗੂ ਪ੍ਰਨੀਤ ਕੌਰ ਨੇ ਰੂਸ-ਯੂਕਰੇਨ ਯੁੱਧ ਤੋਂ ਭਾਰਤੀ ਨੌਜਵਾਨਾਂ ਦੀ ਰਿਹਾਈ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਕੀਤਾ ਧੰਨਵਾਦ

ਪਟਿਆਲਾ, 10 ਜੁਲਾਈ (ਗਿਆਨ ਸਿੰਘ): ਮਾਨਯੋਗ ਭਾਜਪਾ ਆਗੂ ਪ੍ਰਨੀਤ ਕੌਰ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਰੂਸ-ਯੂਕਰੇਨ ਯੁੱਧ ਵਿੱਚ ਲੜਨ ਲਈ ਜਬਰੀ ਭਰਤੀ ਕੀਤੇ ਗਏ ਭਾਰਤੀ ਨੌਜਵਾਨਾਂ ਦੀ ਰਿਹਾਈ ਲਈ ਸਫਲ ਕੂਟਨੀਤਕ ਯਤਨਾਂ ਲਈ ਤਹਿ ਦਿਲੋਂ ਧੰਨਵਾਦ ਕੀਤਾ।

ਪ੍ਰਨੀਤ ਕੌਰ ਨੇ ਇੱਕ ਬਿਆਨ ਵਿੱਚ ਕਿਹਾ, "ਮੈਂ ਪ੍ਰਧਾਨ ਮੰਤਰੀ ਮੋਦੀ ਦਾ ਰੂਸ-ਯੂਕਰੇਨ ਯੁੱਧ ਤੋਂ ਸਾਡੇ ਨੌਜਵਾਨਾਂ ਨੂੰ ਵਾਪਸ ਲਿਆਉਣ ਲਈ ਉਨ੍ਹਾਂ ਦੇ ਅਣਥੱਕ ਯਤਨਾਂ ਲਈ ਧੰਨਵਾਦ ਕਰਨਾ ਚਾਹੁੰਦੀ ਹਾਂ।" "ਉਨ੍ਹਾਂ ਦੀ ਅਗਵਾਈ ਅਤੇ ਕੂਟਨੀਤੀ ਸੱਚਮੁੱਚ ਸ਼ਲਾਘਾਯੋਗ ਹੈ, ਅਤੇ ਅਸੀਂ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਭਲਾਈ ਲਈ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ।"

ਪ੍ਰਨੀਤ ਕੌਰ ਰੂਸ ਵਿੱਚ ਫਸੇ ਭਾਰਤੀ ਨੌਜਵਾਨਾਂ, ਖਾਸ ਕਰਕੇ ਪਟਿਆਲਾ ਲੋਕ ਸਭਾ ਹਲਕੇ ਦੇ ਪਿੰਡ ਡਕਾਲਾ ਦੇ 21 ਸਾਲਾ ਗੁਰਪ੍ਰੀਤ ਸਿੰਘ ਦੇ ਕੇਸ ਦੀ ਸਰਗਰਮੀ ਨਾਲ ਪੈਰਵੀ ਕਰ ਰਹੀ ਸਨ। 2 ਅਪ੍ਰੈਲ ਨੂੰ, ਉਨ੍ਹਾਂ ਨੇ ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੂੰ ਇੱਕ



ਪੱਤਰ ਵੀ ਲਿਖਿਆ ਸੀ, ਜਿਸ ਵਿੱਚ ਇਹਨਾਂ ਨੌਜਵਾਨਾਂ ਦੇ ਸੁਰੱਖਿਅਤ ਭਾਰਤ ਵਾਪਸ ਲਿਆਉਣ ਨੂੰ ਯਕੀਨੀ ਬਣਾਉਣ ਲਈ ਦਖਲ ਦੀ ਮੰਗ ਕੀਤੀ ਗਈ। ਉਦੋਂ ਤੋਂ, ਉਹ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਮੰਤਰਾਲੇ ਨਾਲ ਪੈਰਵੀ ਕਰ ਰਹੇ ਹਨ।

ਗੁਰਪ੍ਰੀਤ ਸਿੰਘ ਦੀ ਮਾਤਾ ਬਲ਼ਜਿੰਦਰ ਕੌਰ (45) ਨੇ ਵੀ ਪ੍ਰਨੀਤ ਕੌਰ ਅਤੇ ਪ੍ਰਧਾਨ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ। "ਮੈਂ ਆਪਣੇ ਬੇਟੇ ਦੇ ਕੇਸ ਨੂੰ ਇੰਨੀ ਗੰਭੀਰਤਾ ਨਾਲ ਲੈਣ ਅਤੇ ਉਸਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਵਿੱਚ ਵਿੱਚ ਸਾਡੀ ਮਦਦ ਕਰਨ ਲਈ ਸਦਾ ਲਈ ਪ੍ਰਨੀਤ ਕੌਰ ਜੀ ਦੀ ਧੰਨਵਾਦੀ ਹਾਂ। ਜਦੋਂ ਮੈਂ ਪਹਿਲੀ ਵਾਰ ਉਨ੍ਹਾਂ ਨੂੰ ਮਿਲੀ ਸੀ, ਤਾਂ ਉਨ੍ਹਾਂ ਨੇ ਮੈਨੂੰ ਭਰੋਸਾ ਦਿਵਾਇਆ ਕਿ ਉਹ ਅਤੇ ਭਾਰਤ ਸਰਕਾਰ ਗੁਰਪ੍ਰੀਤ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਪਣੀ ਸ਼ਕਤੀ ਵਿੱਚ ਸਭ ਕੁਝ ਕਰਨਗੇ।

ਅੱਜ, ਪ੍ਰਧਾਨ ਮੰਤਰੀ ਦੇ ਯਤਨਾਂ ਦੀ ਖਬਰ ਨਾਲ, ਸਾਡੇ ਦਿਨ ਉਮੀਦਾਂ ਅਤੇ ਖੁਸ਼ੀ ਨਾਲ ਭਰ ਗਏ ਹਨ, ਅਸੀਂ ਗੁਰਪ੍ਰੀਤ ਦੇ ਆਉਣ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਾਂ ਅਤੇ ਦਿਲ ਦੀਆਂ ਗਹਿਰਾਈਆਂ ਤੋਂ ਪ੍ਰਧਾਨ ਮੰਤਰੀ ਅਤੇ ਪ੍ਰਨੀਤ ਕੌਰ ਜੀ ਦਾ ਧੰਨਵਾਦ ਕਰਦੇ ਹਾਂ।"

ਪ੍ਰਨੀਤ ਕੌਰ ਨੇ ਅੱਗੇ ਕਿਹਾ, " ਹੁਣ ਮੈਂ ਵਾਹਿਗੁਰੂ ਜੀ ਅੱਗੇ ਇਹੀ ਅਰਦਾਸ ਕਰਦਾ ਹਾਂ ਕਿ ਰੂਸ ਵਿੱਚ ਫਸੇ ਸਾਡੇ ਇਹ ਸਾਰੇ ਭਾਰਤੀ ਨੌਜਵਾਨ ਸਹੀ ਸਲਾਮਤ ਅਤੇ ਬਹੁਤ ਜਲਦੀ ਘਰ ਵਾਪਸ ਆਉਣ।"

# ਵਿਜੀਲੈਂਸ ਬਿਊਰੋ ਨੇ ਪੀ.ਐੱਸ.ਪੀ.ਸੀ.ਐੱਲ. ਦੇ ਜੇ.ਈ. ਨੂੰ 7 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਕੀਤਾ ਗ੍ਰਿਫਤਾਰ

ਚੰਡੀਗੜ੍ਹ, 10 ਜੁਲਾਈ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਬੁੱਧਵਾਰ ਨੂੰ ਪੀ.ਐਸ.ਪੀ.ਸੀ.ਐਲ ਦਫ਼ਤਰ ਫਾਜ਼ਲਿਕਾ ਵਿਖੇ ਤਾਇਨਾਤ ਇੱਕ ਜੂਨੀਅਰ ਇੰਜੀਨੀਅਰ (ਜੇ.ਈ.) ਕੁਲਬੀਰ ਸਿੰਘ ਨੂੰ 7000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਕਰਮਚਾਰੀ ਨੂੰ ਫਾਜ਼ਲਿਕਾ ਜ਼ਿਲ੍ਹੇ ਦੇ ਪਿੰਡ ਮੰਡੀ ਹਜ਼ੂਰ ਸਿੰਘ ਵਾਸੀ ਸੱਜਣ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ



ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਜੇਈ ਵੱਲੋਂ ਉਸਦੇ ਪਿੰਡ ਵਿੱਚ ਬਿਜਲੀ ਦਾ ਟਰਾਂਸਫਾਰਮਰ ਲਗਾਉਣ ਬਦਲੇ 10,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਗਈ ਸੀ ਪਰ ਇਹ ਸੌਦਾ 7000 ਰੁਪਏ ਵਿੱਚ ਹੋਇਆ ਹੈ। ਇਸ ਮੰਗ ਸਬੰਧੀ ਸ਼ਿਕਾਇਤਕਰਤਾ ਨੇ ਜੇਈ ਨਾਲ ਹੋਈ ਗੱਲਬਾਤ ਰਿਕਾਰਡ ਕਰ ਲਈ ਜੋ ਕਿ ਸਬੂਤ ਵਜੋਂ ਬਿਊਰੋ ਨੂੰ ਸੌਂਪ ਦਿੱਤੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਬਿਜਲੀ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 7000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਇਸ ਸਬੰਧੀ ਉਕਤ ਮੁਲਜ਼ਮਾਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮੁਫਤ ਆਯੁਰਵੈਦਿਕ ਕੈਂਪ ਲਗਾਇਆ ਗਿਆ

ਨਵਾਂਸ਼ਹਿਰ, 10 ਜੁਲਾਈ (ਗਿਆਨ ਸਿੰਘ): ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ ਜੀਆਂ ਦੇ ਦਿਸ਼ਾ ਨਿਰਦੇਸ਼ਾ ਤਹਿਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਵਲੋ ਜਲ੍ਹਿਾ ਆਯੁਰਵੈਦਿਕ ਅਤੇ ਯੂਨਾਨੀ ਦਫ਼ਤਰ ਐਸ.ਬੀ.ਐਸ ਨਗਰ ਦੇ ਸਹਿਯੋਗ ਨਾਲ ਨਵੀ ਜੂਡੀਸ਼ੀਅਲ ਕੋਰਟ ਕੰਪਲੈਕਸ, ਸ.ਭ.ਸ ਨਗਰ ਵਿਖੇ ਮੁਫਤ ਆਯੁਰਵੈਦਿਕ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਜਿਲ੍ਹਾ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਜੀਆਂ ਵੱਲੋ ਕੀਤਾ ਗਿਆ। ਇਸ ਮੁਫਤ ਆਯੁਰਵੈਦਿਕ ਕੈਂਪ ਮੌਕੇ ਜਿਲ੍ਹਾ ਅਤੇ ਸ਼ੈਸਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ, ਚੇਅਰਮੈਨ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਅਸ਼ੋਕ ਕਪੂਰ, ਵਧੀਕ ਜ਼ਿਲ੍ਹਾ ਤੇ ਸ਼ੈਸਨ ਜੱਜ-1 ਕਰੂਨੇਸ਼ ਕੁਮਾਰ , ਜ਼ਿਲ੍ਹਾ ਜੱਜ ( ਫੈਮਿਲੀ ਕੋਰ) ਹਰੀਸ਼ ਆਨੰਦ, ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਮਲਦੀਪ ਸਿੰਘ ਧਾਲੀਵਾਲ ਆਦਿ ਹਾਜ਼ਿਰ ਸਨ।

# ਇੰਡੀਅਨ ਆਇਲ ਪੰਜਾਬ ਸਬ ਜੂਨੀਅਰ ਬੈਡਮਿੰਟਨ ਰੈਂਕਿੰਗ ਟੂਰਨਾਮੈਂਟ ਸਮਾਪਤ

* ਮਹਵੇਸ਼, ਵਿਰਾਜ, ਗੁਰਸਿਮਰਤ ਅਤੇ ਨੀਲੇਸ਼ ਬਣੇ ਚੈਂਪੀਅਨ *ਡਬਲਜ਼ ਵਰਗ ਵਿੱਚ ਜਲੰਧਰ ਦੇ ਵੀਰੇਨ ਤੇ ਜ਼ੋਰਾਵਰ ਦੀ ਜੋੜੀ ਜੇਤੂ









ਜਲੰਧਰ, 10 ਜੁਲਾਈ (ਗਿਆਨ ਸਿੰਘ): ਰਾਏਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿਖੇ 7 ਜੁਲਾਈ ਤੋਂ ਸ਼ੁਰੂ ਹੋਇਆ ਇੰਡੀਅਨ ਆਇਲ ਪੰਜਾਬ ਸਟੇਟ ਸਬ-ਜੂਨੀਅਰ ਬੈਡਮਿੰਟਨ ਰੈਂਕਿੰਗ ਟੂਰਨਾਮੈਂਟ ਬੁੱਧਵਾਰ ਨੂੰ ਸਮਾਪਤ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਲ੍ਹਿਾ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਅਤੇ ਸਾਬਕਾ ਕੌਮੀ ਖਿਡਾਰੀ ਰਿਤਿਨ ਖੰਨਾ ਨੇ ਦੱਸਿਆ ਕਿ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਰਾਕੇਸ਼ ਖੰਨਾ ਅਤੇ ਵਿਸ਼ੇਸ਼ ਮਹਿਮਾਨ ਅਨੁਪਮ ਕੁਮਾਰੀਆ ਸਨ। ਟੂਰਨਾਮੈਂਟ ਵਿੱਚ 20 ਜ਼ਿਲ੍ਹਿਆਂ ਦੇ 400 ਖਿਡਾਰੀਆਂ ਨੇ ਭਾਗ ਲਿਆ ਅਤੇ ਅੰਡਰ 15 ਅਤੇ ਅੰਡਰ 17 ਉਮਰ ਵਰਗ ਵਿੱਚ 10 ਈਵੈਂਟ ਕਰਵਾਏ ਗਏ। ਚਾਰ ਰੋਜ਼ਾ ਟੂਰਨਾਮੈਂਟ ਦੌਰਾਨ ਕੁੱਲ 471 ਮੈਚ ਖੇਡੇ ਗਏ, ਖਿਡਾਰੀਆਂ ਲਈ ਐਸੋਸੀਏਸ਼ਨ ਵੱਲੋਂ ਖਾਣ-ਪੀਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਉਲੰਪੀਅਨ ਦੀਪਾਂਕਰ ਅਕੈਡਮੀ ਵੱਲੋਂ ਜੇਤੂਆਂ ਨੂੰ ਆਕਰਸ਼ਕ ਇਨਾਮ ਵੀ ਵੰਡੇ ਗਏ। ਪੀਬੀਏ ਦੇ ਸਕੱਤਰ ਅਨੁਪਮ ਕੁਮਾਰੀਆ ਨੇ ਟੂਰਨਾਮੈਂਟ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ।

ਟੂਰਨਾਮੈਂਟ ਦੇ ਅੰਤਿਮ ਨਤੀਜੇ ਇਸ ਪ੍ਰਕਾਰ ਰਹੇ:-

ਅੰਡਰ-15 ਲੜਕੀਆਂ ਦੇ ਸਿੰਗਲ ਵਰਗ ਵਿੱਚ ਗੁਰਦਾਸਪੁਰ ਦੀ ਮਹਵੇਸ਼ ਕੌਰ ਨੇ ਲੁਧਿਆਣਾ ਦੀ ਅਮੇਲੀਆ ਭਾਖੂ ਨੂੰ 21-10, 21-15 ਨਾਲ ਹਰਾਇਆ। ਅਰਾਧਿਆ ਸਿੰਘ ਅਤੇ ਇਨਾਇਤ ਗੁਲਾਟੀ ਤੀਜੇ ਸਥਾਨ 'ਤੇ ਰਹੇ। ਅੰਡਰ-17 ਲੜਕਿਆਂ ਦੇ ਸਿੰਗਲ ਵਰਗ ਵਿੱਚ ਨੀਲੇਸ਼ ਸੇਠ (ਅੰਮ੍ਰਿਤਸਰ) ਨੇ ਜਲੰਧਰ ਦੇ ਸਮਰਥ ਭਾਰਦਵਾਜ ਨੂੰ 21-18, 21-12 ਨਾਲ ਹਰਾਇਆ। ਇਸ਼ਾਨ ਅਤੇ ਗੀਤਾਂਸ਼ ਸ਼ਰਮਾ ਤੀਜੇ ਸਥਾਨ 'ਤੇ ਰਹੇ। ਅੰਡਰ-17 ਲੜਕੀਆਂ ਦੇ ਸਿੰਗਲ ਵਰਗ ਵਿੱਚ ਗੁਰਸਿਮਰਤ ਕੌਰ (ਲੁਧਿਆਣਾ) ਨੇ ਗੁਰਦਾਸਪੁਰ ਦੀ ਮਨਮੀਤ ਕੌਰ ਨੂੰ 21-14 ਅਤੇ 21-12 ਨਾਲ ਹਰਾਇਆ। ਮਹਵਿਸ਼ ਕੌਰ ਅਤੇ ਅਮੀਆ ਸਚਦੇਵਾ ਤੀਜੇ ਸਥਾਨ 'ਤੇ ਰਹੇ। ਲੜਕਿਆਂ ਦੇ ਅੰਡਰ ੧੫ ਡਬਲਜ਼ ਵਰਗ ਵਿੱਚ ਵੀਰੇਨ ਸੇਠ ਅਤੇ ਜ਼ੋਰਾਵਰ ਸਿੰਘ (ਜਲੰਧਰ) ਦੀ ਜੋੜੀ ਨੇ ਆਰਵ ਪੋਰਵਾਲ ਅਤੇ ਕੈਵਲਿਆ ਸੂਦ ਨੂੰ 21-13, 21-15 ਨਾਲ ਹਰਾਇਆ। ਇਸੇ ਤਰ੍ਹਾਂ ਲੜਕਿਆਂ ਦੇ ਸਿੰਗਲ ਵਰਗ-ਅੰਡਰ 15 ਵਿੱਚ ਜਲੰਧਰ ਦੇ ਵਿਰਾਜ ਸ਼ਰਮਾ ਨੇ ਲੁਧਿਆਣਾ ਦੇ ਵਜ਼ੀਰ ਸਿੰਘ ਨੂੰ 21-16, 21-12 ਨਾਲ ਹਰਾਇਆ। ਅੰਡਰ 15 ਮਿਕਸਡ ਡਬਲਜ਼ ਵਿੱਚ ਵਿਰਾਜ ਸ਼ਰਮਾ ਅਤੇ ਦਿਸ਼ਕਿਾ ਦੀ ਜੋੜੀ ਜੇਤੂ ਰਹੀ ਜਦਕਿ ਸ਼ਵਿਨ ਢੀਂਗਰਾ ਅਤੇ ਅਨੰਨਿਆ ਨਿਝਾਵਨ ਦੂਜੇ ਸਥਾਨ 'ਤੇ ਰਹੇ। ਲੜਕੀਆਂ ਦੇ ਅੰਡਰ-15 ਡਬਲਜ਼ ਵਰਗ ਵਿੱਚ ਅਮੀਆ ਸਚਦੇਵ ਅਤੇ ਮਹਵਿਸ਼ ਕੌਰ ਦੀ ਜੋੜੀ ਜੇਤੂ ਰਹੀ ਅਤੇ ਅਨੰਨਿਆ ਨਿਝਾਵਨ ਅਤੇ ਦਿਸ਼ਕਿਾ ਦੀ ਜੋੜੀ ਦੂਜੇ ਸਥਾਨ 'ਤੇ ਰਹੀ। ਲੜਕਿਆਂ ਦੇ ਅੰਡਰ-17 ਡਬਲਜ਼ ਵਰਗ ਵਿੱਚ ਅਖਿਲ ਅਰੋੜਾ ਅਤੇ ਜਗਸ਼ੇਰ ਸਿੰਘ ਖੰਗੂੜਾ ਦੀ ਜੋੜੀ ਪਹਿਲੇ ਜਦਕਿ ਕ੍ਰਿਤਗਿਆ ਅਰੋੜਾ ਅਤੇ ਸਾਹਿਬ ਦੂਜੇ ਸਥਾਨ 'ਤੇ ਰਹੇ। ਕਾਰਤਿਕ ਕਾਲੜਾ ਅਤੇ ਮਾਧਵ, ਕੁਲਪ੍ਰੀਤ ਅਤੇ ਸੁਜਲ ਦੀ ਜੋੜੀ ਤੀਜੇ ਸਥਾਨ 'ਤੇ ਰਹੀ। ਲੜਕੀਆਂ ਦੇ ਡਬਲਜ਼ ਵਰਗ 'ਅੰਡਰ 17' 'ਚ ਮਨਮੀਤ ਕੌਰ (ਗੁਰਦਾਸਪੁਰ) ਅਤੇ ਸੀਜਾ (ਸੰਗਰੂਰ) ਦੀ ਜੋੜੀ ਜੇਤੂ ਰਹੀ। ਆਰੂਸ਼ੀ ਮਹਿਤਾ ਅਤੇ ਸਮਾਇਰਾ ਅਰੋੜਾ ਦੀ ਜੋੜੀ ਦੂਜੇ ਸਥਾਨ 'ਤੇ ਰਹੀ। ਅੰਡਰ 17 ਮਿਕਸਡ ਡਬਲਜ਼ ਵਿੱਚ ਸਮਰਥ-ਭਾਰਦਵਾਜ ਅਤੇ ਸੀਜਾ ਦੀ ਜੋੜੀ ਜੇਤੂ ਰਹੀ, ਜਦੋਂ ਕਿ ਵੰਸ਼ ਬੱਤਰਾ ਅਤੇ ਮਨਮੀਤ ਕੌਰ ਦੀ ਜੋੜੀ ਦੂਜੇ, ਕਾਰਤਿਕ ਕਾਲੜਾ ਅਤੇ ਅਨੰਨਿਆ ਨਿਝਾਵਨ ਦੀ ਜੋੜੀ ਅਤੇ ਨੀਲੇਸ਼ ਸੇਠ ਅਤੇ ਅਸੀਸਪ੍ਰੀਤ ਕੌਰ ਦੀ ਜੋੜੀ ਤੀਜੇ ਸਥਾਨ 'ਤੇ ਰਹੀ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
The Mortgage Centre -4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

## Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿੰਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇੰਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

## James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

## Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

## Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

Call JAG AUJLA MCNE, Real Estate Broker
Direct 416-371-7777
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA